# ਚੋਣਕਾਰ ਰਜਿਸਟਰੇਸ਼ਨ ਅਫਸਰ, 092-ਬਠਿੰਡਾ (ਸ਼ਹਿਰੀ)
## -ਕਮ- ਉਪ ਮੰਡਲ ਮੈਜਿਸਟਰੇਟ, ਬਠਿੰਡਾ

(Room No. 316, 2nd Floor, Mini Secretariat, Bathinda) E-Mail ID :- ero-92@punjab.gov.in

2025/130267

ਪੱਤਰ ਨੰ:580-582/ਚੋਣਾਂ 2025

ਵੱਲ

ਮਿਤੀ 08/09/2025

01. ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ, ਬਠਿੰਡਾ,
02. ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ, ਬਠਿੰਡਾ,
03. ਸਮੂਹ ਵਿਭਾਗਾਂ ਦੇ ਮੁੱਖੀ।

ਵਿਸ਼ਾ :- Special Intensive Revision (SIR) W.R.T 01-01-2025 regarding.

ਹਵਾਲਾ:- ਮਾਨਯੋਗ ਮੁੱਖ ਚੋਣ ਅਫਸਰ, ਪੰਜਾਬ ਚੰਡੀਗੜ੍ਹ ਜੀ ਦੇ ਦਫਤਰ ਦੇ ਪੱ:ਨੰ:ਚੋਣ-2025/ਵਸ-5341 ਮਿਤੀ:05-06-2025 ਦੇ ਸਬੰਧੀ।

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਰਾਹੀਂ ਮੁੱਖ ਚੋਣ ਅਫਸਰ, ਪੰਜਾਬ ਚੰਡੀਗੜ੍ਹ ਜੀ ਵਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਲਿਖਿਆ ਗਿਆ ਹੈ ਕਿ ਯੋਗਤਾ ਮਿਤੀ:01-01-2025 ਦੇ ਅਧਾਰ ਤੇ ਵੋਟਰ ਸੂਚੀ ਦੀ Special Intensive Revision (SIR) ਦਾ ਪ੍ਰੋਗਰਾਮ ਭਾਰਤ ਚੋਣ ਕਮਿਸ਼ਨ ਵਲੋਂ ਕਿਸੇ ਵੀ ਸਮੇਂ ਕੀਤਾ ਜਾ ਸਕਦਾ ਹੈ। ਇਸ ਦੇ ਸਬੰਧ ਵਿੱਚ ਭਾਰਤ ਚੋਣ ਕਮਿਸ਼ਨ ਵਲੋਂ ਮਿਤੀ:10-09-2025 ਨੂੰ ਮੁੱਖ ਚੋਣ ਅਫਸਰ ਨਾਲ CEO Conference ਰੱਖੀ ਗਈ ਹੈ। ਇਸ ਦੇ ਸਬੰਧ ਵਿੱਚ ਭਾਰਤ ਚੋਣ ਕਮਿਸ਼ਨ ਵਲੋਂ ਮੌਜੂਦਾ ਵੋਟਰ ਸੂਚੀ ਵਿੱਚ ਕਿੰਨੇ ਵੋਟਰ ਸਾਲ 2003 ਦੀ ਵੋਟਰ ਸੂਚੀ ਨਾਲ ਮੇਲ ਖਾਂਦੇ ਹਨ, ਉਨ੍ਹਾਂ ਦਾ ਵੇਰਵਾ ਮੰਗਿਆ ਗਿਆ ਹੈ, ਜੋ ਕਿ CEO Conference ਵਿੱਚ ਵਿਚਾਰਿਆ ਜਾਣਾ ਹੈ। ਇਸ ਨੂੰ ਮੁੱਖ ਰੱਖਦੇ ਹੋਏ ਆਪ ਦੇ ਅਧੀਨ ਕੰਮ ਕਰਦੇ ਵਿਧਾਨ ਸਭਾ ਚੋਣ ਹਲਕਾ 092 ਬਠਿੰਡਾ (ਸ਼ਹਿਰੀ) ਦੇ ਬੀ.ਐਲ.ਓਜ਼ ਆਪਸ ਵਿੱਚ ਤਾਲਮੇਲ ਕਰਕੇ ਮਿਤੀ:09-09-2025 ਨੂੰ ਆਪਣੇ ਪਿੱਤਰੀ ਵਿਭਾਗ ਤੋਂ ਫਾਰਗ ਹੋ ਕੇ ਕੰਮ ਕਰਨਗੇ ਤਾਂ ਜੋ ਰਿਪੋਰਟ ਸਮੇਂ ਸਿਰ ਇਸ ਦਫਤਰ ਨੂੰ ਭੇਜੀ ਜਾ ਸਕੇ।

ਇਸ ਨੂੰ ਅਤਿ ਜ਼ਰੂਰੀ ਸਮਝਿਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
-ਕਮ-ਉਪ ਮੰਡਲ ਮੈਜਿਸਟਰੇਟ,
ਬਠਿੰਡਾ।

ਪਿੱਠ ਅੰਕਣ ਨੰ:583-585/ਚੋਣਾਂ

ਮਿਤੀ:08/09/2025

ਉਪਰੋਕਤ ਦਾ ਉਤਾਰਾ:-

01 ਮਾਨਯੋਗ ਜਿਲ੍ਹਾ ਚੋਣ ਅਫ਼ਸਰ, ਬਠਿੰਡਾ ਜੀ ਨੂੰ ਸੂਚਨਾਂ ਹਿੱਤ।

02 ਸਮੂਹ ਸੁਪਰਵਾਈਜ਼ਰ, 092- ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ ਨੂੰ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਉਪਰੋਕਤ ਅਨੁਸਾਰ ਬੀ.ਐਲ.ਓ ਨੂੰ ਜਾਰੀ ਕੀਤੀਆਂ ਹਦਾਇਤਾ ਦੀ ਪਾਲਣਾ ਕਰਵਾਉਣੀ ਯਕੀਨੀ ਬਣਾਉਂਦੇ ਹੋਏ ਮਿਤੀ: 09-09-2025 ਨੂੰ ਆਪ ਦੇ ਸੈਕਟਰ ਨਾਲ ਸਬੰਧਤ ਬੀ.ਐਲ.ਓ ਪਾਸੋਂ ਰਿਪੋਰਟ ਇਸ ਦਫਤਰ ਵਿਖੇ ਭਿਜਵਾਉਣੀ ਯਕੀਨੀ ਬਣਾਈ ਜਾਵੇ।

03 ਸਮੂਹ ਬੀ.ਐਲ.ਓਜ਼ 092- ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ ਪਾਸ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਪਹਿਲਾਂ ਤੋਂ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਸਮੇਂ ਸਿਰ ਰਿਪੋਰਟ ਤਿਆਰ ਕਰਕੇ ਆਪਣੇ ਸੈਕਟਰ ਅਫਸਰ ਰਾਹੀਂ ਇਸ ਦਫਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
-ਕਮ-ਉਪ ਮੰਡਲ ਮੈਜਿਸਟਰੇਟ,
ਬਠਿੰਡਾ।

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ

ਪਿਠ ਅੰਕਣ ਨੰ ਜੀ-1/1 ( )2025/ 6337 ਮਿਤੀ 09-09-25

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਸੁਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

09/09/25

ਉਪ-ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ)
ਬਠਿੰਡਾ ।

09/09/25